# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 10-04-2024**

- 2008 ਦੇ 26/11 ਮੁੰਬਈ ਦਹਿਸ਼ਤੀਗਰਦ ਹਮਲੇ ਦੇ ਦੋਸ਼ੀ ਤਹੱਵੁਰ ਰਾਣਾ ਨੂੰ ਅੱਜ ਦਿੱਲੀ ਲਿਆਂਦਾ ਜਾ ਰਿਹਾ ਏ।
- ਪੰਜਾਬ ਪੁਲਿਸ ਨੇ 'ਯੁੱਧ ਨਸ਼ਿਆਂ ਵਿਰੁਧ' ਮੁਹਿੰਮ ਤਹਿਤ ਪਿਛਲੇ 41 ਦਿਨਾਂ ਵਿੱਚ 3 ਹਜ਼ਾਰ 279 ਮਾਮਲੇ ਦਰਜ ਕਰਕੇ 5 ਹਜ਼ਾਰ 537 ਨਸ਼ਾ ਤਸਕਰਾਂ ਨੂੰ ਕੀਤਾ ਗ੍ਰਿਫਤਾਰ।
- ਅੱਜ ਦੇਸ਼ ਭਰ ਵਿਚ ਮਹਾਵੀਰ ਜਯੰਤੀ ਧਾਰਮਿਕ ਸ਼ਰਧਾ ਨਾਲ ਮਨਾਈ ਜਾ ਰਹੀ ਏ- ਰਾਸ਼ਟਰਪਤੀ, ਉਪ -ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਇਸ ਮੌਕੇ ਲੋਕਾਂ ਨੂੰ ਦਿੱਤੀ ਵਧਾਈ ।
- ਵਿਸਾਖੀ ਦੇ ਖਾਲਸਾ ਸਾਜਨਾ ਦਿਵਸ ਮੌਕੇ 5 ਹਜ਼ਾਰ 700 ਸ਼ਰਧਾਲੂਆਂ ਦਾ ਇੱਕ ਜਥਾ ਅੱਜ ਅਟਾਰੀ-ਵਾਹਗਾ ਸਾਂਝੀ ਚੌਕੀ ਰਾਹੀਂ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨ ਲਈ ਹੋਇਆ ਰਵਾਨਾ ।
- IPL ਕ੍ਰਿਕਟ ਵਿੱਚ ਅੱਜ, ਰਾਇਲ ਚੈਲੇਂਜਰਜ਼ ਬੰਗਲੁਰੁ ਦਾ ਸਾਹਮਣਾ ਦਿੱਲੀ ਕੈਪੀਟਲਜ਼ ਨਾਲ ਹੋਵੇਗਾ।

---------------------------------------------------------

2008 ਦੇ ਮੁੰਬਈ ਦਹਿਸ਼ਤੀਗਰਦ  ਹਮਲੇ ਦੇ ਦੋਸ਼ੀ ਤਹੱਵੁਰ ਰਾਣਾ ਨੂੰ ਅੱਜ ਦਿੱਲੀ ਲਿਆਂਦਾ ਜਾ ਰਿਹਾ ਏ । ਕੇਂਦਰੀ ਮੰਤਰੀ ਪਿਊਸ਼ ਗੋਇਲ ਨੇ ਕਿਹਾ ਏ  ਕਿ ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਦੇ ਦ੍ਰਿੜ ਇਰਾਦੇ ਕਾਰਨ ਅੱਜ ਮੁੰਬਈ ਹਮਲਿਆਂ ਦੇ ਦੋਸ਼ੀ ਨੂੰ ਭਾਰਤ ਲਿਆਂਦਾ ਜਾ ਰਿਹਾ ਏ ਅਤੇ ਉਸਨੂੰ ਸਖ਼ਤ ਸਜ਼ਾ ਮਿਲੇਗੀ। ਉਨ੍ਹਾਂ ਦੋਸ਼ ਲਾਇਆ ਕਿ ਕਾਂਗਰਸ ਸਰਕਾਰ ਨੇ ਦਹਿਸ਼ਤੀਗਰਦਾਂ  ਨੂੰ ਸਜ਼ਾ ਦੇਣ ਲਈ ਕੁਝ ਨਹੀਂ ਕੀਤਾ।

BYTE-

ਰਾਸ਼ਟਰੀ ਜਾਂਚ ਏਜੰਸੀ ਦੇ ਮੁੱਖ ਦਫ਼ਤਰ, ਪਟਿਆਲਾ ਅਦਾਲਤ ਅਤੇ ਰਾਸ਼ਟਰੀ ਰਾਜਧਾਨੀ ਦੇ ਕੁਝ ਹੋਰ ਇਲਾਕਿਆਂ ਵਿੱਚ ਸੁਰੱਖਿਆ ਵਧਾ ਦਿੱਤੀ ਗਈ ਏ । ਰਾਣਾ ਨੂੰ ਹਵਾਲਗੀ ਤੋਂ ਬਚਣ ਦੀ ਆਖਰੀ ਕੋਸ਼ਿਸ਼ ਅਸਫਲ ਹੋਣ ਤੋਂ ਬਾਅਦ ਭਾਰਤ ਲਿਆਂਦਾ ਜਾ ਰਿਹਾ ਏ । ਇਸ ਤੋਂ ਪਹਿਲਾਂ, ਅਮਰੀਕਾ ਦੀ  ਸੁਪਰੀਮ ਕੋਰਟ ਨੇ ਉਸਦੀ ਅਰਜ਼ੀ ਰੱਦ ਕਰ ਦਿੱਤੀ ਸੀ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕੱਲ੍ਹ ਕਿਹਾ ਸੀ ਕਿ ਤਹੱਵੁਰ ਰਾਣਾ ਦੀ ਵਾਪਸੀ ਮੋਦੀ ਸਰਕਾਰ ਦੀ ਕੂਟਨੀਤੀ ਦੀ ਇੱਕ ਵੱਡੀ ਸਫਲਤਾ ਏ **।BYTE-**

---------------------------------------------------------

'ਯੁੱਧ ਨਸ਼ਿਆਂ ਵਿਰੁੱਧ' ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਵਿੱਤ

ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਅੰਮ੍ਰਿਤਸਰ ਪੁਲਿਸ ਵੱਲੋਂ ਇਨਫੋਰਸਮੈਂਟ ਏਜੰਸੀ ਦੇ ਇੱਕ ਅਧਿਕਾਰੀ ਜੋ ਕਿ ਹਰਿਆਣਾ ਦੇ ਰੋਹਤਕ ਨਾਲ ਸਬੰਧਤ ਏ ਸਮੇਤ ਅੱਠ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 4 ਕਿਲੋ ਤੋਂ ਵੱਧ ਹੈਰੋਇਨ ਬਰਾਮਦ ਕਰਨ ਦੇ ਮਾਮਲੇ ਕਾਰਨ, ਸੂਬੇ ਅੰਦਰ ਨਸ਼ਿਆਂ ਦੇ ਵਪਾਰ ਵਿੱਚ ਹੋਰ ਸੂਬਿਆਂ ਦੇ ਇਨਫੋਰਸਮੈਂਟ ਅਧਿਕਾਰੀਆਂ ਦੇ ਸ਼ਾਮਿਲ ਹੋਣ ਦੀ ਚਿੰਤਾ ਵੱਧ ਗਈ ਏ । ਅੱਜ ਚੰਡੀਗੜ੍ਹ ਸਥਿਤ ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਓਹਨਾ ਕਿਹਾ ਕਿ ਇਸ ਗਿਰੋਹ ਦੇ ਮੁਖੀ ਦੀ ਸ਼ਨਾਖਤ ਲਈ ਡੂੰਘਾਈ ਨਾਲ ਜਾਂਚ ਕੀਤੀ ਜਾਵੇਗੀ ਅਤੇ ਉਸ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। 'ਯੁੱਧ ਨਸ਼ਿਆਂ ਵਿਰੁਧ' ਮੁਹਿੰਮ ਬਾਰੇ ਜਾਣਕਾਰੀ ਸਾਂਝਾ ਕਰਦੇ ਹੋਏ ਵਿੱਤ ਮੰਤਰੀ ਨੇ ਖੁਲਾਸਾ ਕੀਤਾ ਕਿ ਵਿਆਪਕ ਮੁਹਿੰਮ ਦੇ ਨਤੀਜੇ ਵਜੋਂ ਪਿਛਲੇ 41 ਦਿਨਾਂ ਵਿੱਚ ਨਸ਼ਿਆਂ ਨੂੰ ਰੋਕਣ ਬਾਰੇ ਐਕਟ ਦੇ ਤਹਿਤ 3 ਹਜ਼ਾਰ 279 ਮਾਮਲੇ ਦਰਜ ਕੀਤੇ ਗਏ ਹਨ ਅਤੇ 5 ਹਜ਼ਾਰ 537 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਏ । ਇਸ ਮੁਹਿੰਮ ਤਹਿਤ ਹੋਈਆਂ ਮਹੱਤਵਪੂਰਨ ਬਰਾਮਦਗੀਆਂ ਵਿੱਚ 212 ਕਿਲੋ ਹੈਰੋਇਨ, 6 ਹਜ਼ਾਰ 945 ਕਿਲੋ ਭੁੱਕੀ, 105 ਕਿਲੋ ਅਫੀਮ, 56 ਕਿਲੋ ਗਾਂਜਾ ਅਤੇ ਚਰਸ ਅਤੇ 9 ਲੱਖ ਦੇ ਕਰੀਬ ਪਾਬੰਦੀਸ਼ੁਦਾ ਗੋਲੀਆਂ ਅਤੇ ਕੈਪਸੂਲ

ਸ਼ਾਮਲ ਨੇ । ਇਸ ਤੋਂ ਇਲਾਵਾ, ਲਗਭਗ 6 ਕਰੋੜ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਏ  ਅਤੇ 57 ਨਸ਼ਾ ਤਸਕਰਾਂ ਦੀਆਂ ਗੈਰ-ਕਾਨੂੰਨੀ ਜਾਇਦਾਦਾਂ ਨੂੰ ਢਾਹਿਆ ਗਿਆ ਏ  ਤਾਂ ਜੋ ਉਨ੍ਹਾਂ ਨੂੰ ਢੁਕਵਾਂ ਸਬਕ ਸਿਖਾਇਆ ਜਾ ਸਕੇ।

---------------------------------------------------------

ਕੇਂਦਰੀ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰਾਲੇ ਵੱਲੋਂ  ਦੇਹਰਾਦੂਨ ਵਿਚ ਕਰਵਾਏ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੀ ਰਾਸ਼ਟਰੀ ਸਮੀਖਿਆ ਸੰਮੇਲਨ ਦੌਰਾਨ, ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਸੂਬੇ ਦੀ ਨੁਮਾਇੰਦਗੀ ਕੀਤੀ । ਓਹਨਾ ਇਸ ਚਿੰਤਿਨ ਸ਼ਿਵਿਰ ਵਿੱਚ ਅਨੁਸੂਚਿਤ ਜਾਤੀਆਂ, ਪਿੱਛੜੀਆਂ ਸ਼੍ਰੇਣੀਆਂ ਅਤੇ ਘੱਟ ਗਿਣਤੀਆਂ ਦੀ ਭਲਾਈ ਨਾਲ ਸਬੰਧਤ ਅਹਿਮ ਮਸਲੇ ਬਾਰੇ ਵਿਚਾਰ ਚਰਚਾ ਕੀਤੀ ।  ਇਸ ਦੀ ਸ਼ਲਾਘਾ ਕਰਦਿਆਂ ਡਾਕਟਰ ਬਲਜੀਤ ਕੌਰ ਨੇ ਕਿਹਾ ਕਿ ਇਸ ਤਰ੍ਹਾਂ ਦੇ ਪਲੇਟਫਾਰਮ ਸੂਬਿਆਂ ਨੂੰ ਭਲਾਈ ਯੋਜਨਾਵਾਂ  ਦੇ ਲਾਗੂ ਕਰਨ ਵਿੱਚ ਆ ਰਹੀਆਂ ਚੁਣੌਤੀਆਂ ਅਤੇ ਨੀਤੀਗਤ ਅੜਚਣਾਂ ਨੂੰ ਸਾਂਝਾ ਕਰਨ ਦਾ ਮਹੱਤਵਪੂਰਣ ਮੌਕਾ ਪ੍ਰਦਾਨ ਕਰਦੇ ਨੇ ।  ਓਹਨਾ ਕਿਹਾ ਕਿ ਪੰਜਾਬ ਦੇ ਦੇਸ਼ ਵਿੱਚ ਸਭ ਤੋਂ ਵੱਧ ਅਨੁਸੂਚਿਤ ਜਾਤੀ ਦੀ ਆਬਾਦੀ ਵਾਲਾ ਸੂਬਾ ਹੋਣ ਦੇ ਨਾਤੇ ਇਹ ਸਰਕਾਰ ਦੀ ਨੈਤਿਕ

ਜਿੰਮੇਵਾਰੀ ਬਣ ਜਾਂਦੀ ਏ ਕਿ ਉਹ ਨਿਸ਼ਾਨਾਬੱਧ ਦਖਲ-ਅੰਦਾਜ਼ੀ ਰਾਹੀਂ ਇਹਨਾਂ ਭਾਈਚਾਰਿਆਂ ਦੀ ਭਲਾਈ ਯਕੀਨੀ ਬਣਾਏ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਕੇਂਦਰੀ ਸਹਿਯੋਗ ਨਾਲ ਸਾਂਝੇ ਤੌਰ 'ਤੇ ਚਲਾਈਆਂ ਜਾ ਰਹੀਆਂ ਯੋਜਨਾਵਾਂ ਅਤੇ ਪੰਜਾਬ ਰਾਜ ਵੱਲੋਂ ਆਪਣੇ ਪੱਧਰ 'ਤੇ ਚਲਾਈਆਂ ਜਾ ਰਹੀਆਂ ਯੋਜਨਾਵਾਂ ਨੂੰ ਬੜੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰ ਰਹੀ ਏ।

---------------------------------------------------

ਅੱਜ ਪੰਜਾਬ ਸਮੇਤ ਦੇਸ਼ ਭਰ ਵਿੱਚ 24ਵੇਂ ਅਤੇ ਆਖਰੀ ਜੈਨ ਤੀਰਥੰਕਰ ਭਗਵਾਨ ਮਹਾਂਵੀਰ ਦੀ ਜਨਮ ਵਰ੍ਹੇਗੰਢ, ਮਹਾਵੀਰ ਜਯੰਤੀ ਮਨਾਈ ਜਾ ਰਹੀ ਏ। ਇਹ ਜੈਨ ਭਾਈਚਾਰੇ ਲਈ ਸਭ ਤੋਂ ਪਵਿੱਤਰ ਦਿਨਾਂ ਵਿੱਚੋਂ ਇੱਕ ਏ। ਭਗਵਾਨ ਮਹਾਂਵੀਰ ਦੇ ਮੰਨਣ ਵਾਲੇ ਇਸ ਤਿਉਹਾਰ ਨੂੰ ਪ੍ਰਾਰਥਨਾਵਾਂ ਕਰਕੇ, ਪ੍ਰਸ਼ਾਦ ਚੜ੍ਹਾ ਕੇ ਅਤੇ ਰੱਥ ਯਾਤਰਾਵਾਂ ਵਿੱਚ ਹਿੱਸਾ ਲੈ ਕੇ ਮਨਾਉਂਦੇ ਨੇ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ,ਉਪ-ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਹਾਵੀਰ ਜਯੰਤੀ ਦੇ ਮੌਕੇ 'ਤੇ ਨਾਗਰਿਕਾਂ, ਖਾਸ ਕਰਕੇ ਜੈਨ ਭਾਈਚਾਰੇ ਨੂੰ ਵਧਾਈ ਦਿੱਤੀ ਏ। ਇੱਕ ਸੰਦੇਸ਼ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਅਹਿੰਸਾ ਅਤੇ ਦਇਆ

ਦੇ ਰੂਪ ਭਗਵਾਨ ਮਹਾਵੀਰ ਨੇ ਅਹਿੰਸਾ ਪਰਮੋ ਧਰਮ ਦੇ ਸੰਦੇਸ਼ ਰਾਹੀਂ ਮਨੁੱਖਤਾ ਨੂੰ ਇੱਕ ਨਵਾਂ ਰਾਹ ਦਿਖਾਇਆ ਕਿ ਅਹਿੰਸਾ ਹੀ ਸਰਵਉੱਚ ਧਰਮ ਏ ।ਉਪ-ਰਾਸ਼ਟਰਪਤੀ ਨੇ ਇੱਕ ਸੰਦੇਸ਼ ਵਿੱਚ ਕਿਹਾ ਕਿ ਭਗਵਾਨ ਮਹਾਵੀਰ ਦੀਆਂ ਸਦੀਵੀ ਸਿੱਖਿਆਵਾਂ ਇੱਕ ਦਇਆ ਭਰੇ ਅਤੇ ਸਦਭਾਵਨਾਪੂਰਨ ਸੰਸਾਰ ਵੱਲ ਸਾਡੇ ਮਾਰਗ ਨੂੰ ਰੌਸ਼ਨ ਕਰਦੀਆਂ ਰਹਿੰਦੀਆਂ ਨੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਹਾਵੀਰ ਜਯੰਤੀ ਦੇ ਮੌਕੇ ਇਕ ਸੋਸ਼ਲ ਮੀਡੀਆ ਪੋਸਟ ਵਿੱਚ, ਕਿਹਾ ਕਿ ਭਗਵਾਨ ਮਹਾਵੀਰ ਦੇ ਆਦਰਸ਼, ਦੁਨੀਆ ਭਰ ਦੇ ਅਣਗਿਣਤ ਲੋਕਾਂ ਨੂੰ ਤਾਕਤ ਦਿੰਦੇ ਨੇ। ਉਨ੍ਹਾਂ ਕਿਹਾ ਕਿ ਸਰਕਾਰ, ਭਗਵਾਨ ਮਹਾਂਵੀਰ ਦੇ ਸੁਪਨੇ ਨੂੰ ਪੂਰਾ ਕਰਨ ਲਈ ਵਚਨਬੱਧ ਏ।

---------------------------------------------------------

ਵਿਸਾਖੀ ਦੇ ਖਾਲਸਾ ਸਾਜਨਾ ਦਿਵਸ ਮੌਕੇ 5 ਹਜ਼ਾਰ 700 ਸਿੱਖ ਸ਼ਰਧਾਲੂਆਂ ਦਾ ਇੱਕ ਜਥਾ ਅੱਜ ਅਟਾਰੀ-ਵਾਹਗਾ ਸਾਂਝੀ ਚੌਕੀ ਰਾਹੀਂ ਪਾਕਿਸਤਾਨ ਸਥਿਤ ਗੁਰਧਾਮਾਂ ਵਿੱਚ ਮੱਥਾ ਟੇਕਣ ਲਈ ਰਵਾਨਾ ਹੋਇਆ । ਇਸ ਦੌਰਾਨ ਸ਼ਰਧਾਲੂ, ਗੁਰਦੁਆਰਾ ਸ੍ਰੀ ਪੰਜਾ ਸਾਹਿਬ ਹਸਨ ਅਬਦਾਲ, ਗੁਰਦੁਆਰਾ ਜਨਮ ਅਸਥਾਨ ਸ੍ਰੀ ਨਨਕਾਣਾ ਸਾਹਿਬ, ਗੁਰਦੁਆਰਾ ਸ੍ਰੀ ਸੱਚਾ ਸੌਦਾ ਸਾਹਿਬ, ਗੁਰਦੁਆਰਾ ਸ੍ਰੀ ਦਰਬਾਰ

ਸਾਹਿਬ ਸ੍ਰੀ ਕਰਤਾਰਪੁਰ ਸਾਹਿਬ, ਗੁਰਦੁਆਰਾ ਡੇਰਾ ਸਾਹਿਬ ਲਾਹੌਰ ਅਤੇ ਗੁਰਦੁਆਰਾ ਰੋੜੀ ਸਾਹਿਬ ਐਮਨਾ-ਬਾਦ ਦੇ ਦਰਸ਼ਨ ਕਰਨਗੇ। ਇਨ੍ਹਾਂ ਵਿੱਚੋਂ ਬਹੁਤੇ ਗੁਰਦੁਆਰੇ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਨੇ । ਇਹ ਸ਼ਰਧਾਲੂ 19 ਅਪ੍ਰੈਲ ਨੂੰ ਭਾਰਤ ਪਰਤਣਗੇ । ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਕ ਹਜ਼ਾਰ 942 ਸਿੱਖ ਸ਼ਰਧਾਲੂਆਂ ਸਮੇਤ 5 ਹਜ਼ਾਰ 700 ਤੋਂ ਵੱਧ ਸ਼ਰਧਾਲੂ ਗੁਰਧਾਮਾਂ ਦੇ ਦਰਸ਼ਨ ਲਈ ਪਾਕਿਸਤਾਨ ਗਏ ਨੇ । DESK

-----------------------------------------------------------

ਅੱਜ ਵਿਸ਼ਵ ਹੋਮਿਓਪੈਥੀ ਦਿਵਸ ਏ ।ਇਹ ਦਿਹਾੜਾ ਹਰ ਸਾਲ 10 ਅਪ੍ਰੈਲ ਨੂੰ ਹੋਮਿਓਪੈਥੀ ਦੇ ਪਿਤਾ ਡਾ. ਸੈਮੂਅਲ ਹੈਨੇਮੈਨ ਦੇ ਜਨਮ ਦਿਵਸ ਦੇ ਸਨਮਾਨ ਵਿੱਚ ਮਨਾਇਆ ਜਾਂਦਾ ਏ। ਹੋਮਿਓਪੈਥੀ ਨੂੰ ਸੰਭਾਲ ਕੇ ਰੱਖਣ ਅਤੇ ਵੱਧ ਤੋ ਵੱਧ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਵਿਸ਼ਵ ਹੋਮਿਓਪੈਥੀ ਦਿਵਸ ਮੌਕੇ ਲੁਧਿਆਣਾ ਜ਼ਿਲ੍ਹੇ ਵਿੱਚ ਸਰਕਾਰੀ ਹੋਮਿਓਪੈਥਿਕ ਮੈਡੀਕਲ ਕਾਲਜ ਅਤੇ ਹਸਪਤਾਲ ਦੀ ਸਥਾਪਨਾ ਦਾ ਐਲਾਨ ਕੀਤਾ ਏ। ਸਿਹਤ ਮੰਤਰੀ ਵੱਲੋਂ ਇਹ ਐਲਾਨ ਲੁਧਿਆਣਾ ਦੇ

ਮਿਊਂਸੀਪਲ ਭਵਨ ਵਿਖੇ ਕਰਵਾਏ ਗਏ ਸੂਬਾ ਪੱਧਰੀ ਸਮਾਗਮ ਦੌਰਾਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਹ ਕਾਲਜ ਪੰਜਾਬ ਭਰ ਵਿੱਚ ਹੋਮਿਓਪੈਥਿਕ ਇਲਾਜ ਦੇ ਪ੍ਰਚਾਰ ਲਈ ਮੁੱਖ ਸੰਸਥਾ ਵਜੋਂ ਕੰਮ ਕਰੇਗਾ। ਉਨ੍ਹਾਂ ਹੋਮਿਓਪੈਥਿਕ ਡਾਕਟਰਾਂ ਅਤੇ ਮਾਹਿਰਾਂ ਨੂੰ ਇਸ ਰਵਾਇਤੀ ਦਵਾਈ ਪ੍ਰਣਾਲੀ ਦੀ ਸੰਭਾਲ ਲਈ ਅੱਗੇ ਆਉਣ ਦਾ ਸੱਦਾ ਵੀ ਦਿੱਤਾ।

---------------------------------------------------------------

ਪੰਜਾਬ  ਬਾਗਬਾਨੀ ਵਿਭਾਗ ਵੱਲੋਂ ਜ਼ਿਲਾ ਪਠਾਨਕੋਟ ਦੇ ਲੀਚੀ ਅਸਟੇਟ ਸੁਜਾਨਪੁਰ ਵਿਖੇ ਪੈਦਾ ਕੀਤੀ ਜਾ ਰਹੀ ਲੀਚੀ ,ਅੰਬ ਅਤੇ ਸਬਜੀਆਂ ਦਾ ਵਿਦੇਸ਼ ਵਿਖੇ ਬਰਾਮਦ  ਕਰਨ ਲਈ ਸੈਮੀਨਾਰ ਲਗਾਇਆ ਗਿਆ। ਇਸ ਮੌਕੇ ਬਾਗਬਾਨੀ ਮੰਤਰੀ ਮਹਿੰਦਰ ਭਗਤ ਅਤੇ ਕੈਬਨਿਟ ਮੰਤਰੀ  ਲਾਲ ਚੰਦ ਕਟਾਰੂਚੱਕ ਨੇ ਮੁਖ ਮਹਿਮਾਨ ਵਜੋਂ ਸ਼ਿਰਕਤ ਕੀਤੀ । ਵੱਖ-ਵੱਖ ਵਿਭਾਗਾਂ ਵਲੋਂ ਸਬੰਧਤ ਪ੍ਰਦਰਸ਼ਨੀਆਂ ਲਗਾਈਆਂ ਗਈਆਂ ਅਤੇ ਕਿਸਾਨਾਂ ਨੂੰ ਬਾਗਬਾਨੀ ਕਿੱਤੇ ਨਾਲ ਜੁੜਣ ਲਈ ਜਾਗਰੂਕ ਕੀਤਾ ਗਿਆ। ਸ੍ਰੀ ਭਗਤ ਨੇ ਦੱਸਿਆ ਪੰਜਾਬ ਅੰਦਰ  ਕਰੀਬ 3900 ਹੈਕਟੇਅਰ ਰਕਬਾ ਲੀਚੀ ਅਧੀਨ ਏ, ਜਿਸ ਵਿੱਚੋਂ ਲਗਭਗ 2200 ਹਕਟੇਅਰ ਰਕਬਾ ਪਠਾਨਕੋਟ ਜ਼ਿਲ੍ਹੇ ਵਿੱਚ ਏ ਜੋ ਕਿ ਪੰਜਾਬ ਦਾ ਤਕਰੀਬਨ 60 ਫੀਸਦੀ ਏ। ਜ਼ਿਲ੍ਹੇ ਵਿਚ ਲੀਚੀ ਦੀ ਕਾਸ਼ਤ ਕਾਫੀ ਵੱਡੇ ਪੱਧਰ ਤੇ ਕੀਤੀ ਜਾ ਰਹੀ ਏ ਅਤੇ ਹਰ ਸਾਲ ਵੱਡੇ ਪੱਧਰ ਤੇ ਨਵੇਂ ਬਾਗ

ਵੀ ਲੱਗ ਰਹੇ ਹਨ। ਲੀਚੀ ਦੀ ਪੈਦਾਵਾਰ ਆਉਣ ਵਾਲੇ ਸਮੇਂ ਅਧੀਨ ਹੋਰ ਵੀ ਵਧੇਗੀ। ਉੰਨਾ ਕਿਹਾ ਕਿ ਲੀਚੀ ਦੀ ਖੇਤੀ ਉਤਸ਼ਾਹਿਤ ਕਰਨ ਲਈ ਜ਼ਿਲ੍ਹੇ ਵਿੱਚ ਲੀਚੀ ਅਸਟੇਟ ਸੁਜਾਨਪੁਰ ਵਿਖੇ ਸਥਾਪਿਤ ਕੀਤੀ ਗਈ ਏ । ਬਾਗਬਾਨੀ ਵਉਭਾਗ ਦੇ ਡਾਇਰੈਕਟਰ ਸ਼ੈਲਿੰਦਰ ਕੌਰ ਨੇ ਵਿਭਾਗ ਅਧੀਨ ਚੱਲ ਰਹੀਆਂ ਯੋਜਨਾਵਾਂ ਬਾਰੇ ਬਾਗਬਾਨਾਂ ਨੂੰ ਸੰਖੇਪ ਜਾਣਕਾਰੀ ਦਿੱਤੀ ।

---------------------------------------------------------------

ਤਰਨਤਾਰਨ ਨੇੜੇ ਪੈਦੇ ਪਿੰਡ ਕੋਟ ਮੁਹੰਮਦ ਖਾਂ ‘ਚ ਕੱਲ੍ਹ ਦੇਰ ਸ਼ਾਮ ਦੋ ਧੜਿਆਂ ਦਾ ਝਗੜਾ ਸੁਲਝਾਉਣ ਗਏ ਥਾਣਾ ਗੋਇੰਦਵਾਲ ਸਾਹਿਬ ਦੇ ਸਬ-ਇੰਸਪੈਕਟਰ ਦੀ ਜਿੱਥੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ, ਉੱਥੇ ਹੀ ਇੱਕ ਸਿਪਾਹੀ ਦੀ ਬਾਂਹ ਵੀ ਟੁੱਟ ਗਈ । ਇਸ ਸਬੰਧੀ ਤਰਨਤਾਰਨ ਦੇ SSP ਅਭਿਮਨਿਊ ਰਾਣਾ ਨੇ ਦੱਸਿਆ ਕਿ ਮੁੱਖ ਦੋਸ਼ੀ ਸਮੇਤ 20 ਤੋਂ ਵੱਧ ਵਿਅਕਤੀ ਗ੍ਰਿਫਤਾਰ ਕਰ ਲਏ ਗਏ ਨੇ ।

***SSP Byte:***

ਜ਼ਿਲ੍ਹਾ ਪੁਲਿਸ ਮੁਖੀ ਨੇ ਦੱਸਿਆ ਕਿ ਸੂਬੇ ਦੀ ਪੁਲਿਸ ਸ਼ਹੀਦ ਹੋਏ ਸਬ ਇੰਸਪੈਕਟਰ ਦੇ ਪਰਿਵਾਰ ਦੇ ਨਾਲ ਖੜ੍ਹੀ ਏ।

---

ਮੁਹਾਲੀ ਦੀ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਅੱਜ ਵੱਖ-ਵੱਖ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਲਈ ਮੋਹਾਲੀ ਅਤੇ ਮਾਜਰੀ ਬਲਾਕਾਂ ਦਾ ਦੌਰਾ ਕੀਤਾ। ਓਹਨਾਂ ਬਹਿਲੋਲਪੁਰ, ਚਾਂਦਪੁਰ ਅਤੇ ਨਗਲ ਗੜ੍ਹੀਆਂ ਸਮੇਤ ਵੱਖ-ਵੱਖ ਪਿੰਡਾਂ ਵਿਚ ਛੱਪੜਾਂ ਅਤੇ ਖੇਡ ਮੈਦਾਨਾਂ ਨਾਲ ਸਬੰਧਤ ਮੁਕੰਮਲ ਅਤੇ ਚੱਲ ਰਹੇ ਕੰਮਾਂ ਦਾ ਨਿਰੀਖਣ ਕੀਤਾ। ਉਨ੍ਹਾਂ ਦੱਸਿਆ ਕਿ ਪਿਛਲੇ ਵਿੱਤੀ ਸਾਲ ਵਿੱਚ 100 ਖੇਡ ਮੈਦਾਨ ਪਹਿਲਾਂ ਹੀ ਵਿਕਸਤ ਕੀਤੇ ਜਾ ਚੁੱਕੇ ਹਨ, ਪਰ 184 ਹੋਰ ਪਿੰਡਾਂ ਵਿੱਚ ਖੇਡ ਮੈਦਾਨ ਇਸ ਸਾਲ ਬਣਾਏ ਜਾ ਰਹੇ ਹਨ। ਸਿਹਤਮੰਦ ਪੇਂਡੂ ਵਾਤਾਵਰਣ ਦੀ ਮਹੱਤਤਾ ਨੂੰ 'ਤੇ ਜ਼ੋਰ ਦਿੰਦੇ ਹੋਏ, ਡਿਪਟੀ ਕਮਿਸ਼ਨਰ ਨੇ ਖੇਡ ਦੇ ਮੈਦਾਨ ਸਥਾਪਤ ਕਰਨ ਅਤੇ ਪਿੰਡਾਂ ਦੇ ਛੱਪੜਾਂ ਦੀ ਸਫਾਈ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।

---

ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਦਿਸ਼ਾਂ-ਨਿਰਦੇਸ਼ਾਂ ਤਹਿਤ ਸਾਉਣੀ ਸੀਜ਼ਨ -2025 ਦੋਰਾਨ ਸੂਬੇ ਵਿੱਚ ਝੋਨੇ ਦੀ ਕਿਸਮ ਪੂਸਾ-44 ਅਤੇ ਹਾਈਬ੍ਰਿਡ ਬੀਜਾਂ ਦੀ ਵਿਕਰੀ ਅਤੇ ਬਿਜਾਈ ਤੇ ਪੂਰਨ ਪਾਬੰਦੀ ਲਗਾਈ ਗਈ ਏ। ਜ਼ਿਲਾ ਸ੍ਰੀ ਮੁਕਤਸਰ ਸਾਹਿਬ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ. ਕਰਨਜੀਤ ਸਿੰਘ ਗਿੱਲ ਨੇ ਦੱਸਿਆ ਕਿ ਝੋਨੇ

ਦੀ ਪੂਸਾ-44 ਕਿਸਮ ਪੱਕਣ ਵਿੱਚ ਵੱਧ ਸਮਾਂ ਲੈਂਦੀ ਏ , ਜਿਸ ਨਾਲ ਪਾਣੀ ਦੀ ਖਪਤ ਵੱਧ ਹੁੰਦੀ ਏ ਅਤੇ ਵਾਢੀ ਮਗਰੋਂ ਪਰਾਲ ਵੀ ਜਿਆਦਾ ਛੱਡਦੀ ਏ ਅਤੇ ਖੇਤਾਂ ਵਿੱਚ ਝੁਲਸ ਰੋਗ ਅਤੇ ਕੀੜੇ-ਮਕੌੜਿਆਂ ਦਾ ਵੱਧ ਹਮਲਾ ਦੇਖਣ ਨੂੰ ਮਿਲਦਾ ਏ । ਉਨ੍ਹਾਂ ਦੱਸਿਆ ਕਿ ਹਾਈਬ੍ਰਿਡ ਬੀਜ ਕੰਪਨੀਆਂ ਵੱਲੋਂ ਮਹਿੰਗੇ ਭਾਅ ਤੇ ਵਿਕਰੀ ਕੀਤੇ ਜਾਂਦੇ ਨੇ । ਉਨ੍ਹਾਂ ਵੱਲੋਂ ਕਿਸਾਨਾਂ ਨੂੰ ਇਸ ਸਾਲ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਵੱਲੋਂ ਸਿਫਾਰਿਸ਼ ਝੋਨੇ ਦੀਆਂ ਕਿਸਮਾਂ ਜਿਵੇਂ ਪੀ.ਆਰ-126, ਪੀ.ਆਰ-131 ਬੀਜਣ ਦੀ ਅਪੀਲ ਕੀਤੀ । ਉਨ੍ਹਾਂ ਬੀਜ ਵਿਕਰੇਤਾ ਨੂੰ ਹਦਾਇਤ ਕੀਤੀ ਕਿ ਪੂਸਾ-44 ਅਤੇ ਝੋਨੇ ਦੀਆਂ ਹਾਈਬ੍ਰਿਡ ਕਿਸਮਾਂ ਦੇ ਬੀਜਾਂ ਦੀ ਵਿਕਰੀ ਨਾ ਕੀਤੀ ਜਾਵੇ। ਜੇਕਰ ਕੋਈ ਵੀ ਡੀਲਰ ਇਸ ਦੀ ਉਲੰਘਣਾ ਕਰਦਾ ਏ ਤਾਂ ਉਸ ਖਿਲਾਫ਼ ਬੀਜ ਐਕਟ ਅਧੀਨ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

---------------------------------------------------

IPL ਕ੍ਰਿਕਟ ਵਿੱਚ ਅੱਜ, ਰਾਇਲ ਚੈਲੇਂਜਰਜ਼ ਬੰਗਲੁਰੂ ਦਾ ਸਾਹਮਣਾ ਬੰਗਲੁਰੂ ਵਿੱਚ ਦਿੱਲੀ ਕੈਪੀਟਲਜ਼ ਨਾਲ ਹੋਵੇਗਾ । ਇਹ ਮੈਚ ਸ਼ਾਮ ਸਾਢੇ 7 ਵਜੇ ਸ਼ੁਰੂ ਹੋਵੇਗਾ।

---------------------------------------------------

- 2008 ਦੇ 26/11 ਮੁੰਬਈ ਦਹਿਸ਼ਤੀਗਰਦ ਹਮਲੇ ਦੇ ਦੋਸ਼ੀ ਤਹੱਵੁਰ ਰਾਣਾ ਨੂੰ ਅੱਜ ਦਿੱਲੀ ਲਿਆਂਦਾ ਜਾ ਰਿਹਾ ਏ।
- ਪੰਜਾਬ ਪੁਲਿਸ ਨੇ 'ਯੁੱਧ ਨਸ਼ਿਆਂ ਵਿਰੁਧ' ਮੁਹਿੰਮ ਤਹਿਤ ਪਿਛਲੇ 41 ਦਿਨਾਂ ਵਿੱਚ 3 ਹਜ਼ਾਰ 279 ਮਾਮਲੇ ਦਰਜ ਕਰਕੇ 5 ਹਜ਼ਾਰ 537 ਨਸ਼ਾ ਤਸਕਰਾਂ ਨੂੰ ਕੀਤਾ ਗ੍ਰਿਫਤਾਰ।
- ਅੱਜ ਦੇਸ਼ ਭਰ ਵਿਚ ਮਹਾਵੀਰ ਜਯੰਤੀ ਧਾਰਮਿਕ ਸ਼ਰਧਾ ਨਾਲ ਮਨਾਈ ਜਾ ਰਹੀ ਏ- ਰਾਸ਼ਟਰਪਤੀ, ਉਪ -ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਇਸ ਮੌਕੇ ਲੋਕਾਂ ਨੂੰ ਦਿੱਤੀ ਵਧਾਈ ।
- ਵਿਸਾਖੀ ਦੇ ਖਾਲਸਾ ਸਾਜਨਾ ਦਿਵਸ ਮੌਕੇ 5 ਹਜ਼ਾਰ 700 ਸ਼ਰਧਾਲੂਆਂ ਦਾ ਇੱਕ ਜਥਾ ਅੱਜ ਅਟਾਰੀ-ਵਾਹਗਾ ਸਾਂਝੀ ਚੌਕੀ ਰਾਹੀਂ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨ ਲਈ ਹੋਇਆ ਰਵਾਨਾ ।
- IPL ਕ੍ਰਿਕਟ ਵਿੱਚ ਅੱਜ, ਰਾਇਲ ਚੈਲੇਂਜਰਜ਼ ਬੰਗਲੁਰੂ ਦਾ ਸਾਹਮਣਾ ਦਿੱਲੀ ਕੈਪੀਟਲਜ਼ ਨਾਲ ਹੋਵੇਗਾ।